ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

## ਆਰਸੇਟੀ ਮੋਗਾ ਤੋਂ ਜ਼ਿਲ੍ਹੇ ਦੇ 3,180 ਨੌਜਵਾਨਾਂ ਨੇ ਵੱਖ-ਵੱਖ ਪ੍ਰੋਗਰਾਮਾਂ/ਕੋਰਸਾਂ ਦੀ ਕੀਤੀ ਸਿਖਲਾਈ ਪ੍ਰਾਪਤ

- **ਜ਼ਿਲ੍ਹੇ ਦੇ ਬੇਰੋਜ਼ਗਾਰ ਨੌਜਵਾਨ ਸਵੈ-ਰੋਜ਼ਗਾਰ ਦੇ ਸਾਧਨ ਪ੍ਰਾਪਤ ਕਰਕੇ ਉਠਾ ਰਹੇ ਹਨ ਲਾਭ**
- **1,765 ਨੌਜਵਾਨ ਵੱਖ-ਵੱਖ ਧੰਦੇ ਸ਼ੁਰੂ ਕਰਕੇ ਕਰ ਰਹੇ ਹਨ ਆਪਣਾ ਜੀਵਨ ਨਿਰਬਾਹ**
- **54 ਫ਼ੀਸਦੀ ਉਮੀਦਵਾਰਾਂ ਨੂੰ ਘੱਟ ਵਿਆਜ਼ ਦਰਾਂ 'ਤੇ ਕਰਜ਼ਾ ਮੁਹੱਈਆ ਕਰਵਾਇਆ ਗਿਆ**

ਮੋਗਾ 15 ਜਨਵਰੀ:

ਪੰਜਾਬ ਐਂਡ ਸਿੰਧ ਬੈਂਕ ਪੇਂਡੂ ਸਵੈ-ਰੋਜ਼ਗਾਰ ਸਿਖਲਾਈ ਸੰਸਥਾ (ਆਰਸੇਟੀ) ਮੋਗਾ ਜ਼ਿਲੇ ਦੇ ਨੌਜਵਾਨਾਂ ਨੂੰ ਸਵੈ-ਰੋਜ਼ਗਾਰ ਦੇ ਸਾਧਨ ਮੁਹੱਈਆ ਕਰਵਾਉਣ ਲਈ ਵਰਦਾਨ ਸਾਬਤ ਹੋ ਰਹੀ ਹੈ। ਗਰੀਬੀ ਰੇਖਾ ਤੋਂ ਹੇਠਾਂ ਰਹਿ ਰਹੇ ਪੇਂਡੂ ਵਿਅਕਤੀ ਇਸ ਸੰਸਥਾ ਵਿੱਚੋਂ ਟ੍ਰੇਨਿੰਗ ਲੈ ਕੇ ਸਵੈ-ਰੋਜ਼ਗਾਰ ਦੇ ਧੰਦੇ ਸ਼ੁਰੂ ਕਰ ਸਕਦੇ ਹਨ।.

ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਮੋਗਾ ਸ. ਪਰਮਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਆਰਸੇਟੀ ਮੋਗਾ ਜਿਲ੍ਹੇ 'ਚ 24 ਸਤੰਬਰ, 2009 ਨੂੰ ਹੋਂਦ 'ਚ ਆਈ ਸੀ ਅਤੇ ਹੁਣ ਤੱਕ 3,180 ਉਮੀਦਵਾਰਾਂ ਨੇ ਇਸ ਸੰਸਥਾ ਤੋਂ ਵੱਖ-ਵੱਖ ਪ੍ਰੋਗਰਾਮਾਂ/ਕੋਰਸਾਂ ਵਿੱਚ ਸਿਖਲਾਈ ਪ੍ਰਾਪਤ ਕੀਤੀ, ਜਿੰਨ੍ਹਾਂ ਵਿੱਚੋਂ 1,765 ਨੌਜਵਾਨ ਵੱਖ-ਵੱਖ ਧੰਦੇ ਸ਼ੁਰੂ ਕਰਕੇ ਆਪਣਾ ਜੀਵਨ ਨਿਰਬਾਹ ਕਰ ਰਹੇ ਹਨ। ਇਸ ਮੌਕੇ ਆਰਸੇਟੀ ਮੋਗਾ ਦੇ ਡਾਇਰੈਕਟਰ ਸ. ਗੁਰਵੰਤ ਸਿੰਘ ਕਾਹਲੋਂ ਵੀ ਮੌਜੂਦ ਸਨ।

ਸ. ਗਿੱਲ ਨੇ ਦੱਸਿਆ ਕਿ ਪੇਂਡੂ ਸਵੈ ਰੋਜ਼ਗਾਰ ਸਿਖਲਾਈ ਸੰਸਥਾ ਵਿੱਚ ਪਿੰਡਾਂ ਦੇ ਗਰੀਬੀ ਰੇਖਾ ਤੋਂ ਹੇਠਾਂ ਰਹਿ ਰਹੇ ਅੱਠਵੀਂ ਪਾਸ 18 ਤੋਂ 45 ਸਾਲ ਦੀ ਉਮਰ ਦੇ ਪੇਂਡੂ ਸਿਖਿਆਰਥੀ ਵੱਖ-ਵੱਖ ਕਿੱਤਿਆਂ ਦੀ ਟ੍ਰੇਨਿੰਗ ਲੈ ਸਕਦੇ ਹਨ। ਇੰਨ੍ਹਾਂ ਕਿੱਤਿਆਂ ਵਿੱਚ ਡੇਅਰੀ ਸਿਖਲਾਈ, ਕੰਪਿਊਟਰ ਬੇਸਿਕ, ਬਿਊਟੀ ਪਾਰਲਰ, ਸਿਲਾਈ-ਕਢਾਈ, ਮੋਬਾਈਲ ਰਿਪੇਅਰ, ਪਲੰਬਰ, ਬੇਕਰੀ, ਫ਼ਾਸਟ ਫੂਡ ਅਤੇ ਘਰੇਲੂ ਵਰਤੋਂ ਦਾ ਸਮਾਨ ਤਿਆਰ ਕਰਨਾ ਆਦਿ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਇਸ ਟਰੇਨਿੰਗ ਦੌਰਾਨ ਸਿਖਿਆਰਥੀਆਂ ਨੂੰ ਚਾਹ ਤੇ ਦੁਪਹਿਰ ਦਾ ਖਾਣਾ ਆਰਸੇਟੀ ਵੱਲੋਂ ਮੁਹੱਈਆ ਕਰਵਾਇਆ ਜਾਂਦਾ ਹੈ ਅਤੇ ਸਿਖਿਆਰਥੀਆਂ ਦੇ ਆਉਣ-ਜਾਣ ਲਈ ਬੱਸ ਦਾ ਵੀ ਪ੍ਰਬੰਧ ਆਰਸੇਟੀ ਵੱਲੋਂ ਕੀਤਾ ਜਾਂਦਾ ਹੈ।ਇਸ ਟਰੇਨਿੰਗ ਦੌਰਾਨ ਵੱਖ-ਵੱਖ ਬੈਂਕਾਂ ਦੇ ਅਧਿਕਾਰੀਆਂ ਨੂੰ ਬੁਲਾ ਕੇ ਸਿਖਿਆਰਥੀਆਂ ਦੇ ਬੈਂਕ ਖਾਤੇ ਵੀ ਖੁਲਵਾਏ ਜਾਂਦੇ ਹਨ ਅਤੇ ਬੈਂਕਾਂ ਵੱਲੋਂ ਕਰਜੇ ਵੀ ਮੁਹੱਈਆ ਕਰਵਾਏ ਜਾਂਦੇ ਹਨ।ਟਰੇਨਿੰਗ ਲੈਣ ਵਾਲੇ ਚਾਹਵਾਨ ਉਮੀਦਵਾਰ ਆਪਣੇ ਨਾਮ ਆਰਸੇਟੀ ਦੇ ਦਫਤਰ ਵਿਖੇ, ਜੋ ਕਿ ਦੁੱਨੇ ਕੇ, ਫ਼ਿਰੋਜ਼ਪੁਰ ਰੋਡ ਮੋਗਾ ਵਿਖੇ ਸਥਿਤ ਹੈ, ਦੇ ਸਕਦੇ ਹਨ ਜਾਂ ਫਿਰ ਉਨ੍ਹਾਂ ਦੇ ਦਫਤਰ ਦੇ ਟੈਲੀਫ਼ੋਨ ਨੰਬਰ 01636-234114 'ਤੇ ਦਰਜ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਸੰਸਥਾ ਤੋਂ ਟਰੇਨਿੰਗ ਲੈਣ ਉਪਰੰਤ ਸਿਖਿਆਰਥੀਆਂ ਨੂੰ ਬੈਂਕਾਂ ਤੋਂ ਕਰਜ਼ਾ ਦਿਵਾਉਣ 'ਚ ਹਰ ਸੰਭਵ ਉਪਰਾਲੇ ਕੀਤੇ ਜਾਂਦੇ ਹਨ, ਜਿਸ 'ਤੇ ਸਬਸਿਡੀ ਵੀ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਸੰਸਥਾ ਤੋਂ ਸਿਖਲਾਈ ਪ੍ਰਾਪਤ ਕਰ ਚੁੱਕੇ 1,765 ਉਮੀਦਵਾਰਾਂ ਨੇ ਆਪਣੇ ਧੰਦੇ ਸ਼ੁਰੂ ਕੀਤੇ ਹਨ, ਜਿੰਨ੍ਹਾਂ ਵਿੱਚੋਂ 54 ਫ਼ੀਸਦੀ ਉਮੀਦਵਾਰਾਂ ਨੂੰ ਵੱਖ-ਵੱਖ ਬੈਂਕਾਂ ਨੇ ਘੱਟ ਵਿਆਜ਼ ਦਰਾਂ 'ਤੇ ਕਰਜ਼ਾ ਮੁਹੱਈਆ ਕਰਵਾਇਆ ਗਿਆ ਹੈ।

ਆਰਸੇਟੀ ਦੇ ਨਿਰਦੇਸ਼ਕ ਸ. ਗੁਰਵੰਤ ਸਿੰਘ ਕਾਹਲੋਂ ਨੇ ਦੱਸਿਆ ਕਿ ਇਸ ਸੰਸਥਾ ਵਿੱਚ ਸਿਖਲਾਈ ਪ੍ਰਾਪਤ ਕਰਨ ਦੌਰਾਨ ਸਿਖਿਆਰਥੀਆਂ ਨੂੰ ਵਿੱਤੀ ਸਹੂਲਤਾਂ ਬਾਰੇ ਜਾਗਰੂਕ ਕਰਨ ਦੇ ਨਾਲ-ਨਾਲ ਨੈਤਿਕ ਸਿੱਖਿਆ ਵੀ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਸਿਖਲਾਈ ਦਾ ਬੈਚ ਖਤਮ ਹੋਣ ਉਪਰੰਤ ਟ੍ਰੇਨਿੰਗ ਪ੍ਰਾਪਤ ਕਰਨ ਵਾਲੇ ਉਮੀਦਵਾਰਾਂ ਦੀ ਸੂਚੀ ਲੀਡ ਜ਼ਿਲ੍ਹਾ ਮੈਨੇਜਰ ਰਾਂਹੀ ਬੈਕਾਂ ਨੂੰ ਭੇਜ ਦਿੱਤੀ ਜਾਂਦੀ ਹੈ ਤਾਂ ਜੋ ਸਿਖਲਾਈ ਪ੍ਰਾਪਤ ਕਰ ਚੁੱਕੇ ਸਿਖਿਆਰਥੀਆਂ ਨੂੰ ਆਪਣਾ ਕੰਮ-ਧੰਦਾ ਸ਼ੁਰੂ ਕਰਨ ਲਈ ਪਹਿਲ ਦੇ ਆਧਾਰ 'ਤੇ ਕਰਜ਼ੇ ਮੁਹੱਈਆ ਕਰਵਾਏ ਜਾ ਸਕਣ।

--------

ਨੰ: ਪੀ.ਆਰ(ਪ੍ਰੈ ਗੀ)2016/23